ਮਾਝ ਮਹਲਾ ੫ ॥ ਤੂੰ ਮੇਰਾ ਪਿਤਾ ਤੂੰਹੈ ਮੇਰਾ ਮਾਤਾ ॥ ਤੂੰ ਮੇਰਾ ਬੰਧਪੁ ਤੂੰ ਮੇਰਾ ਭ੍ਰਾਤਾ ॥ ਤੂੰ ਮੇਰਾ ਰਾਖਾ ਸਭਨੀ ਥਾਈ ਤਾ ਭਉ ਕੇਹਾ ਕਾੜਾ ਜੀਉ ॥੧॥ ਤੁਮਰੀ ਕ੍ਰਿਪਾ ਤੇ ਤੁਧੁ ਪਛਾਣਾ ॥ ਤੂੰ ਮੇਰੀ ਓਟ ਤੂੰਹੈ ਮੇਰਾ ਮਾਣਾ ॥ ਤੁਝ ਬਿਨੁ ਦੂਜਾ ਅਵਰੁ ਨ ਕੋਈ ਸਭੁ ਤੇਰਾ ਖੇਲੁ ਅਖਾੜਾ ਜੀਉ ॥੨॥ ਜੀਅ ਜੰਤ ਸਭਿ ਤੁਧੁ ਉਪਾਏ ॥ ਜਿਤੁ ਜਿਤੁ ਭਾਣਾ ਤਿਤੁ ਤਿਤੁ ਲਾਏ ॥ ਸਭ ਕਿਛੁ ਕੀਤਾ ਤੇਰਾ ਹੋਵੈ ਨਾਹੀ ਕਿਛੁ ਅਸਾੜਾ ਜੀਉ ॥੩॥ ਨਾਮੁ ਧਿਆਇ ਮਹਾ ਸੁਖੁ ਪਾਇਆ ॥ ਹਰਿ ਗੁਣ ਗਾਇ ਮੇਰਾ ਮਨੁ ਸੀਤਲਾਇਆ ॥ ਗੁਰਿ ਪੂਰੈ ਵਜੀ ਵਾਧਾਈ ਨਾਨਕ ਜਿਤਾ ਬਿਖਾੜਾ ਜੀਉ ॥੪॥੨੪॥੩੧॥ {ਪੰਨਾ 103}

ਪਦਅਰਥ:- ਬੰਧਪੁ—ਸਨਬੰਧੀ, ਰਿਸ਼ਤੇਦਾਰ। ਥਾਈ—ਥਾਈਂ, ਥਾਵਾਂ ਤੇ। ਕਾੜਾ—ਚਿੰਤਾ।1।

ਤੇ—ਤੋਂ, ਨਾਲ। ਤੁਧੁ—ਤੈਨੂੰ। ਪਛਾਣਾ—ਮੈਂ ਪਛਾਣਦਾ ਹਾਂ, ਮੈਂ ਸਾਂਝ ਪਾਂਦਾ ਹਾਂ। ਓਟ—ਆਸਰਾ। ਅਵਰੁ—ਹੋਰ। ਅਖਾੜਾ—ਪਿੜ, ਜਿਥੇ ਪਹਿਲਵਾਨ ਕੁਸ਼ਤੀਆਂ ਕਰਦੇ ਹਨ।2।

ਸਭਿ—ਸਾਰੇ। ਤੁਧੁ—ਤੂੰ ਹੀ। ਉਪਾਏ—ਪੈਦਾ ਕੀਤੇ ਹਨ। ਜਿਤੁ—ਜਿਸ ਪਾਸੇ ਜਿਸ (ਕੰਮ) ਵਿਚ। ਭਾਣਾ—ਤੈਨੂੰ ਚੰਗਾ ਲੱਗਾ। ਤਿਤੁ—ਉਸ (ਕੰਮ) ਵਿਚ। ਅਸਾੜਾ—ਸਾਡਾ।3।

ਧਿਆਇ—ਸਿਮਰ ਕੇ। ਸੀਤਲਾਇਆ—ਠੰਢਾ ਹੋ ਗਿਆ। ਗੁਰਿ ਪੂਰੈ—ਪੂਰੇ ਗੁਰੂ ਦੀ ਰਾਹੀਂ। ਵਾਧਾਈ—ਆਤਮਕ ਤੌਰ ਤੇ ਵਧਣ ਫੁਲਣ ਦੀ ਅਵਸਥਾ, ਉਤਸ਼ਾਹ। ਵਜੀ ਵਾਧਾਈ—ਉਤਸ਼ਾਹ ਦੀ ਹਾਲਤ ਪ੍ਰਬਲ ਹੋ ਰਹੀ ਹੈ (ਜਿਵੇਂ ਢੋਲ ਵੱਜਦਾ ਹੈ ਤੇ ਹੋਰ ਨਿੱਕੇ ਮੋਟੇ ਖੜਾਕ ਸੁਣੇ ਨਹੀਂ ਜਾਂਦੇ)। ਬਿਖਾੜਾ—ਬਿਖਮ ਅਖਾੜਾ, ਔਖੀ ਕੁਸ਼ਤੀ।4।

ਅਰਥ:- ਹੇ ਪ੍ਰਭੂ! ਤੂੰ ਮੇਰਾ ਪਿਉ (ਦੇ ਥਾਂ) ਹੈਂ ਤੂੰ ਹੀ ਮੇਰਾ ਮਾਂ (ਦੇ ਥਾਂ) ਹੈ, ਤੂੰ ਮੇਰਾ ਰਿਸ਼ਤੇਦਾਰ ਹੈਂ ਤੂੰ ਹੀ ਮੇਰਾ ਭਰਾ ਹੈਂ। (ਹੇ ਪ੍ਰਭੂ! ਜਦੋਂ) ਤੂੰ ਹੀ ਸਭ ਥਾਵਾਂ ਤੇ ਮੇਰਾ ਰਾਖਾ ਹੈਂ, ਤਾਂ ਕੋਈ ਡਰ ਮੈਨੂੰ ਪੋਹ ਨਹੀਂ ਸਕਦਾ, ਕੋਈ ਚਿੰਤਾ ਮੇਰੇ ਉੱਤੇ ਜ਼ੋਰ ਨਹੀਂ ਪਾ ਸਕਦੀ।1।

(ਹੇ ਪ੍ਰਭੂ!) ਤੇਰੀ ਮਿਹਰ ਨਾਲ ਹੀ ਮੈਂ ਤੇਰੇ ਨਾਲ ਡੂੰਘੀ ਸਾਂਝ ਪਾ ਸਕਦਾ ਹਾਂ। ਤੂੰ ਹੀ ਮੇਰਾ ਆਸਰਾ ਹੈਂ, ਤੂੰ ਹੀ ਮੇਰਾ ਫ਼ਖ਼ਰ ਦਾ ਥਾਂ ਹੈਂ। ਤੈਥੋਂ ਬਿਨਾ ਤੇਰੇ ਵਰਗਾ ਹੋਰ ਕੋਈ ਨਹੀਂ ਹੈ। ਇਹ ਜਗਤ ਤਮਾਸ਼ਾ ਇਹ ਜਗਤ ਅਖਾੜਾ ਤੇਰਾ ਹੀ ਬਣਾਇਆ ਹੋਇਆ ਹੈ।2।

(ਹੇ ਪ੍ਰਭੂ!) ਜਗਤ ਦੇ ਸਾਰੇ ਜੀਅ ਜੰਤ ਤੂੰ ਹੀ ਪੈਦਾ ਕੀਤੇ ਹਨ, ਜਿਸ ਜਿਸ ਕੰਮ ਵਿਚ ਤੇਰੀ ਰਜ਼ਾ ਹੋਈ ਤੂੰ ਉਸ ਉਸ ਕੰਮ ਵਿਚ (ਸਾਰੇ ਜੀਅ ਜੰਤ) ਲਾਏ ਹੋਏ ਹਨ। (ਜਗਤ ਵਿਚ ਜੋ ਕੁਝ ਹੋ ਰਿਹਾ ਹੈ) ਸਭ ਤੇਰਾ ਕੀਤਾ ਹੋ ਰਿਹਾ ਹੈ, ਸਾਡਾ ਜੀਵਾਂ ਦਾ ਕੋਈ ਜ਼ੋਰ ਨਹੀਂ ਚੱਲ ਸਕਦਾ।3।

(ਹੇ ਭਾਈ!) ਪਰਮਤਾਮਾ ਦਾ ਨਾਮ ਸਿਮਰ ਕੇ ਮੈਂ ਬੜਾ ਆਤਮਕ ਆਨੰਦ ਹਾਸਲ ਕੀਤਾ ਹੈ। ਪਰਮਾਤਮਾ ਦੇ ਗੁਣ ਗਾ ਕੇ ਮੇਰਾ ਮਨ ਠੰਢਾ-ਠਾਰ ਹੋ ਗਿਆ ਹੈ। ਹੇ ਨਾਨਕ! (ਆਖ—) ਪੂਰੇ ਗੁਰੂ ਦੀ ਰਾਹੀਂ (ਮੇਰੇ ਅੰਦਰ) ਆਤਮਕ ਉਤਸ਼ਾਹ ਦਾ (ਮਾਨੋ) ਢੋਲ ਵੱਜ ਪਿਆ ਹੈ ਤੇ ਮੈਂ (ਵਿਕਾਰਾਂ ਨਾਲ ਹੋ ਰਿਹਾ) ਔਖਾ ਘੋਲ ਜਿੱਤ ਲਿਆ ਹੈ।4। 24। 31।